# ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ
## ਸਮੱਗਰਾ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਵਿੱਦਿਆ ਭਵਨ, ਈ ਬਲਾਕ, ਪੰਜਵੀ ਮੰਜ਼ਿਲ, ਫੇਜ਼-8, ਐਸ.ਏ.ਐਸ. ਨਗਰ, ਪੰਜਾਬ

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ./ਐ.ਸਿੱ.) (ਨੋਟਿਸ ਬੋਰਡ ਰਾਹੀਂ)
2. ਸਮੂਹ ਪ੍ਰਿੰਸੀਪਲ ਜਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾਵਾਂ (ਨੋਟਿਸ ਬੋਰਡ ਰਾਹੀਂ
3. ਸਮੂਹ ਸਕੂਲ ਮੁੱਖੀ (ਵੈਬਸਾਇਟ ਰਾਹੀਂ)

**ਮੀਮੋ ਨੰ. ਸਮੱਗਰਾ/ਪਲਾਨ/2025/**143738 **ਮਿਤੀ:** 23.5.25

**ਵਿਸ਼ਾ:** **ਸਕੂਲ ਸਿੱਖਿਆ ਸੰਸਥਾਵਾਂ ਵਿੱਚ 31 ਮਈ 2025 ਨੂੰ " World No Tobacco Day" ਮਨਾਉਣ ਸਬੰਧੀ।**

1.0 ਜਿਵੇਂ ਕਿ ਆਪ ਸਭ ਜਾਣਦੇ ਹੋ ਕਿ ਵਿਸ਼ਵ ਭਰ ਵਿੱਚ 31 ਮਈ ਨੂੰ " **World No Tobacco Day**" ਮਨਾਇਆ ਜਾਂਦਾ ਹੈ।

2.0 ਸਕੂਲ/ਵਿਦਿਅਕ ਸੰਸਥਾਵਾਂ ਨੂੰ ਤੰਬਾਕੂ ਫਰੀ ਬਣਾਉਣ ਅਤੇ ਤੰਬਾਕੂ ਦੇ ਸੇਵਨ ਦੇ ਮਾੜੇ ਪ੍ਰਭਾਵਾਂ ਬਾਰੇ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਲਈ ਮਿਤੀ 31 ਮਈ 2025 ਨੂੰ ਸਕੂਲਾਂ ਵਿੱਚ ਔਨਲਾਇਨ **"World No Tobacco Day"** ਮਨਾਇਆ ਜਾਵੇ। ਜਿਲ੍ਹਾ ਸਿੱਖਿਆ ਅਫਸਰ (ਐ.ਸਿੱ./ਸੈ.ਸਿੱ.) ਵੱਲੋਂ ਹੇਠ ਲਿਖੇ ਅਨੁਸਾਰ ਕਾਰਵਾਈ ਕੀਤੀ ਜਾਵੇ:-

2.1 ਤੰਬਾਕੂ ਕੰਟਰੋਲ ਐਕਟ 2003 ਦੀ ਧਾਰਾ 6(b) ਅਨੁਸਾਰ "ਸਿਗਰਟਾਂ ਜਾਂ ਹੋਰ ਤੰਬਾਕੂ ਉਤਪਾਦਾਂ ਦੀ ਵਿਕਰੀ ਸਿੱਖਿਆ ਸੰਸਥਾਵਾਂ ਦੇ 100 ਗਜ ਦੀ ਦੂਰੀ ਦੇ ਅੰਦਰ ਮਨ੍ਹਾ ਹੈ। ਤੰਬਾਕੂ ਉਤਪਾਦਾਂ ਦੀ ਵਿਕਰੀ 18 ਸਾਲ ਤੋਂ ਘੱਟ ਉਮਰ ਦੇ ਲੋਕਾਂ ਨੂੰ ਕਰਨ 'ਤੇ ਵੀ ਮਨ੍ਹਾ ਹੈ।" ਅਤੇ ਜੂਵੇਨਾਈਲ ਜ਼ਸਟਿਸ ਐਕਟ 2015 ਦੇ ਸੈਕਸਨ 77 ਕਿ "ਕਿਸੇ ਵੀ ਵਿਦਿਆਰਥੀ ਨੂੰ ਤੰਬਾਕੂ ਪਦਾਰਥ ਦੇਣ ਦੀ ਮਨਾਹੀ ਹੈ" ਬਾਰੇ ਸਕੂਲ ਨੂੰ ਜਾਣੂ ਕਰਵਾਉਦੇ ਹੋਏ ਇਹਨਾਂ ਐਕਟਾਂ ਦੀ ਸਖਤੀ ਨਾਲ ਪਾਲਣਾ ਕਰਨ ਲਈ ਆਪਣੇ ਜਿਲ੍ਹੇ ਅਧੀਨ ਸਖਤ ਇੰਨਫੋਰਸਮੈਂਟ ਡਰਾਈਵ ਚਲਾਈ ਜਾਵੇ।

2.2 ਤੰਬਾਕੂ ਕੰਟਰੋਲ ਸਬੰਧੀ ਹਰ ਜਿਲ੍ਹਾ ਸਿੱਖਿਆ ਅਫਸਰ ਦੇ ਦਫਤਰ ਵਿਖੇ, ਹਰ ਸਿੱਖਿਆ ਤੇ ਸਿਖਲਾਈ ਸੰਸਥਾ ਤੇ ਹਰ ਸਕੂਲ ਵਿਖੇ ਤੰਬਾਕੂ ਕੰਟਰੋਲ ਐਕਟ ਦੀ ਪਾਲਣਾ ਹਿੱਤ ਇੱਕ ਨੋਡਲ ਅਫਸਰ ਨਿਯੁਕਤ ਕੀਤਾ ਜਾਵੇ ਅਤੇ ਉਸ ਦੇ ਨਾਮ ਤੇ ਸੰਪਰਕ ਨੰਬਰ ਵਿੱਦਿਅਕ ਸੰਸਥਾ/ਸਕੂਲ/ਦਫਤਰ ਦੀ ਬਾਹਰਲੀ ਦੀਵਾਰ ਤੇ ਪ੍ਰਦਰਸ਼ਿਤ ਕੀਤਾ ਜਾਵੇ।

2.3 ਹਰ ਸਕੂਲ/ਵਿਦਿਅਕ ਸੰਸਥਾ ਵਿਖੇ ਪਹਿਲਾਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੰਬਾਕੂ ਕੰਟਰੋਲ ਕਮੇਟੀ ਦਾ ਗਠਨ ਕੀਤਾ ਜਾਵੇ। ਕਮੇਟੀ ਵੱਲੋਂ ਇਹ ਚੈੱਕ ਕੀਤਾ ਜਾਵੇ ਕਿ ਸਕੂਲ/ਵਿਦਿਅਕ ਸੰਸਥਾਵਾਂ ਦੇ ਅੰਦਰ ਅਤੇ 100 ਗਜ਼ ਦੇ ਘੇਰੇ ਅੰਦਰ ਤੰਬਾਕੂ ਅਤੇ ਤੰਬਾਕੂ ਯੁਕਤ ਪਦਾਰਥ (ਗੁਟਕਾ, ਪਾਨ ਮਸਾਲਾ ਆਦਿ) ਦੀ ਵਿਕਰੀ ਤਾਂ ਨਹੀਂ ਹੋ ਰਹੀ ਹੈ। ਇਸ ਕਮੇਟੀ ਵੱਲੋਂ ਇਹ ਵੀ

ਚੈੱਕ ਕੀਤਾ ਜਾਵੇ ਕਿ ਇਸ ਸਬੰਧੀ ਜਰੂਰੀ ਸੰਕੇਤ ਸਕੂਲ ਦੇ ਮੁੱਖ ਗੇਟ ਅਤੇ ਬਾਹਰੀ ਦੀਵਾਰਾਂ ਦੇ ਦਰਸਾਏ ਗਏ ਹਨ।

2.4 ਉਕਤ ਗਠਿਤ ਕਮੇਟੀ ਵੱਲੋ ਜੇਕਰ ਵਿਦਿਅਕ ਸੰਸਥਾ ਦੇ 100 ਗਜ਼ ਦੇ ਘੇਰੇ ਅੰਦਰ ਕੋਈ ਵੀ ਤੰਬਾਕੂ ਉਤਪਾਦਾਂ ਦੀ ਵਿਕਰੀ ਪਾਈ ਜਾਂਦੀ ਹੈ, ਤਾਂ ਉਸ ਨੂੰ ਬੰਦ ਕਰਵਾਉਣ ਲਈ ਸੀਨੀਅਰ ਸੁਪਰਡੰਟ ਆੱਫ ਪੁਲਿਸ ਅਤੇ ਪੰਚਾਇਤ/ਮਿਉਸਿਪਲ ਕਮੇਟੀ ਦੀ ਮਦਦ ਲਈ ਜਾਵੇ।

2.5 ਹਰ ਸਕੂਲ/ਵਿਦਿਅਕ ਸੰਸਥਾ ਆਪਣੇ ਆਪ ਨੂੰ ਤੰਬਾਕੂ ਮੁਕਤ ਘੋਸ਼ਿਤ ਕਰੇ ਅਤੇ ਇਸ ਸਬੰਧ ਵਿੱਚ 'ਇਹ ਇਮਾਰਤ ਤੰਬਾਕੂ ਮੁਕਤ ਹੈ' ਦੇ ਪੋਸਟਰ ਸਕੂਲਾਂ ਵਿੱਚ ਲਗਾਏ ਜਾਣ ਅਤੇ ਸਕੂਲ ਦੀ ਚਾਰਦੀਵਾਰੀ ਤੋ 100 ਗਜ ਦੇ ਘੇਰੇ ਤੱਕ ਇੱਕ ਪੀਲੀ ਪੱਟੀ ਬਣਾਉਣੀ ਯਕੀਨੀ ਬਣਾਈਆ ਜਾਵੇ।

2.6 ਆਪ ਨੂੰ ਭੇਜੇ ਗਏ ਤੰਬਾਕੂ ਮੁੱਕਤ ਵਿਦਿਅੱਕ ਸੰਸਥਾਂਵਾ ਤੇ ਮੈਨੂਅਲ ਵਿੱਚ ਅੰਕਿਤ ਲੜੀ ਨੰ. 1 ਤੋ 9 ਤੱਕ ਗਤੀਵਿਧੀਆਂ ਸਕੂਲਾਂ ਵਿੱਚ ਕਰਵਾਉਣੀਆ ਯਕੀਨੀ ਬਣਾਈਆਂ ਜਾਣ।

2.7 ਤੰਬਾਕੂ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਗਰੂਕਤਾ ਮੁਹਿੰਮ ਚਲਾਉਦੇ ਹੋਏ ਵਿਦਿਆਰਥੀਆਂ ਦੀ ਭਾਸ਼ਣ ਪ੍ਰਤੀਯੋਗਿਤਾ, ਕਵਿਤਾ ਤੇ ਲੇਖ ਪ੍ਰਤੀਯੋਗਿਤਾ, ਤੰਬਾਕੂ ਵਿਰੋਧੀ ਸਲੋਗਨ, ਪੇਟਿੰਗ ਮੁਕਾਬਲੇ ਅਤੇ ਨੁਕੜ/ ਨਾਟਕ ਆਦਿ ਕਰਵਾਏ ਜਾਣ ਅਤੇ ਸਥਾਨਕ ਲੋਕਾਂ ਨੂੰ ਜਾਗੂਰਕ ਕਰਨ ਲਈ ਰੈਲੀਆਂ ਵੀ ਕੱਢੀਆਂ ਜਾਣ।

2.8 ਹਰ ਸਕੂਲ/ਵਿਦਿਅਕ ਸਸੰਥਾ ਵਿਖੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਮਿਤੀ 31.05.2025 ਨੂੰ ਸਵੇਰੇ ਆਨ ਲਾਈਨ ਸਹੁੰ ਚੁੱਕੀ ਜਾਵੇ।

*" ਮੈਂ ਵਾਅਦਾ ਕਰਦਾ/ਕਰਦੀ ਹਾਂ ਕਿ ਪੂਰੀ ਜਿੰਦਗੀ ਕਿਸੇ ਵੀ ਤਰ੍ਹਾਂ ਦੇ ਤੰਬਾਕੂ ਪਦਾਰਥ ਦੀ ਕਿਸੀ ਰੂਪ ਵਿੱਚ ਵਰਤੋਂ ਨਹੀਂ ਕਰਾਂਗਾ/ਕਰਾਂਗੀ। ਮੈਂ ਇਹ ਵੀ ਵਾਅਦਾ ਕਰਦਾ/ਕਰਦੀ ਹਾਂ ਕਿ ਜੇਕਰ ਮੇਰੇ ਪਰਿਵਾਰ ਦਾ ਕੋਈ ਵੀ ਮੈਂਬਰ ਜਾਂ ਰਿਸਤੇਦਾਰ ਅਤੇ ਮਿੱਤਰ ਕਿਸੇ ਵੀ ਰੂਪ ਵਿੱਚ ਤੰਬਾਕੂ ਦੀ ਵਰਤੋਂ ਕਰਦਾ/ਕਰਦੀ ਹੈ ਤਾਂ ਮੈਂ ਉਸ ਨੂੰ ਤੰਬਾਕੂ ਦੇ ਮਾੜੇ ਸੇਵਨ ਬਾਰੇ ਜਾਗਰੂਕ ਕਰਾਂਗਾ/ਕਰਾਂਗੀ ਅਤੇ ਉਸ ਦੀ ਇਹ ਆਦਤ ਛੁਡਵਾਉਣ ਵਿੱਚ ਉਸਦੀ ਮਦਦ ਕਰਾਂਗਾ/ਕਰਾਂਗੀ। ਮੈਂ ਇਹ ਵੀ ਵਾਅਦਾ ਕਰਦਾ/ਕਰਦੀ ਹਾਂ ਕਿ ਮੈਂ ਆਪਣੇ ਸਕੂਲ ਅਤੇ ਕੰਮ ਵਾਲੀ ਥਾਂ ਨੂੰ ਤੰਬਾਕੂ ਮੁਕਤ ਬਣਾਉਣ ਲਈ ਆਪਣੀ ਪੂਰਾ ਯੋਗਦਾਨ ਪਾਵਾਗਾਂ/ਪਾਵਾਗੀ। ਇਸ ਤੋਂ ਇਲਾਵਾ, ਮੈਂ ਆਪਣੇ ਸਮਾਜ ਨੂੰ ਤੰਬਾਕੂ ਮੁਕਤ ਬਣਾਉਣ ਲਈ ਆਪਣੀ ਪੂਰੀ ਕੋਸ਼ਿਸ਼ ਕਰਾਂਗਾ/ਕਰਾਂਗੀ।"*

3.0 ਜਿਲ੍ਹਾ ਸਿੱਖਿਆ ਅਫਸਰ (ਐ.ਸਿੱ./ਸੈ.ਸਿੱ.) ਵੱਲੋਂ ਉਕਤ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

**ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ,**
**ਸਮੱਗਰਾ ਸਿੱਖਿਆ ਅਭਿਆਨ ਪੰਜਾਬ।**